Number 23a
Punjabi - January 2026

ਮੇਨਿੰਨਜੋਕੋਕਲ ਸੀ ਕੈਨਜੁਗੇਟ (ਮੇਨ-ਸੀ) ਵੈਕਸੀਨ

Meningococcal C conjugate (Men-C) vaccine

ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।

ਸਾਰੀਆਂ ਵੈਕਸੀਨਾਂ ਸਮੇਂ 'ਤੇ ਪ੍ਰਾਪਤ ਕਰੋ।

ਸਮੇਂ ਸਿਰ ਸਾਰੀਆਂ ਵੈਕਸੀਨਾਂ ਲੈ ਕੇ, ਤੁਹਾਡੇ ਬੱਚੇ ਨੂੰ ਉਨ੍ਹਾਂ ਦੇ ਜੀਵਨ ਕਾਲ ਦੌਰਾਨ ਬਹੁਤ ਸਾਰੀਆਂ ਬਿਮਾਰੀਆਂ ਤੋਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ।

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

ਮੇਨ-ਸੀ ਵੈਕਸੀਨ ਕੀ ਹੈ?

ਮੇਨ-ਸੀ ਵੈਕਸੀਨ ਮੇਨਿੰਨਜੋਕੋਕਲ ਬੈਕਟੀਰੀਆ ਦੀਆਂ ਸਭ ਤੋਂ ਆਮ ਕਿਸਮਾਂ ਵਿੱਚੋਂ ਇੱਕ, ਟਾਈਪ ਸੀ ਤੋਂ ਹੋਣ ਵਾਲੀ ਲਾਗ ਤੋਂ ਬਚਾਉਂਦੀ ਹੈ। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਪ੍ਰਵਾਨਿਤ ਹੈ।

ਮੇਨ-ਸੀ ਵੈਕਸੀਨ ਤੁਹਾਡੇ ਬੱਚੇ ਦੇ ਨਿਯਮਤ ਟੀਕਾਕਰਨ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਅਪੌਇੰਟਮੈਂਟ ਤੈਅ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਕਾਲ ਕਰੋ।

ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਮੇਨ-ਸੀ ਵੈਕਸੀਨ ਬੱਚਿਆਂ ਨੂੰ 2 ਖੁਰਾਕਾਂ ਦੀ ਲੜੀ ਦੇ ਰੂਪ ਵਿੱਚ ਦਿੱਤੀ ਜਾਂਦੀ ਹੈ। ਪਹਿਲੀ ਖੁਰਾਕ 2 ਮਹੀਨੇ ਦੀ ਉਮਰ ਵਿੱਚ ਅਤੇ ਦੂਜਾ 12 ਮਹੀਨਿਆਂ ਦੀ ਉਮਰ ਵਿੱਚ ਦਿੱਤਾ ਜਾਂਦਾ ਹੈ। ਇਹ ਵੈਕਸੀਨ ਬਚਪਨ ਵਿੱਚ ਬਿਮਾਰੀਆਂ ਤੋਂ ਬਚਾਉਣ ਲਈ ਦਿੱਤੀਆਂ ਜਾਣ ਵਾਲੀਆਂ ਦੂਸਰੀਆਂ ਵੈਕਸੀਨਾਂ ਦੇ ਨਾਲ ਦਿੱਤੀ ਜਾਂਦੀ ਹੈ।

ਮੇਨ-ਸੀ ਵੈਕਸੀਨ	ਟੀਕਾਕਰਨ ਸਮੇਂ ਬੱਚੇ ਦੀ ਉਮਰ
1ਲੀ ਖੁਰਾਕ	2 ਮਹੀਨੇ
2ਰੀ ਖੁਰਾਕ	12 ਮਹੀਨੇ

ਮੇਨ-ਸੀ ਵੈਕਸੀਨ ਉਹਨਾਂ ਲੋਕਾਂ ਨੂੰ ਵੀ ਦਿੱਤੀ ਜਾ ਸਕਦੀ ਹੈ ਜੋ ਮੇਨਿੰਨਜੋਕੋਕਲ ਟਾਈਪ ਸੀ ਬਿਮਾਰੀ ਵਾਲੇ ਕਿਸੇ ਵਿਅਕਤੀ ਦੇ ਨਜ਼ਦੀਕੀ ਸੰਪਰਕ ਵਿੱਚ ਰਹੇ ਹਨ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

ਵੈਕਸੀਨ ਦੇ ਕੀ ਲਾਭ ਹਨ?

ਇਹ ਵੈਕਸੀਨ ਤੁਹਾਡੇ ਬੱਚੇ ਨੂੰ ਮੇਨਿੰਨਜੋਕੋਕਲ ਟਾਈਪ ਸੀ ਲਾਗ, ਜੋ ਕਿ ਇੱਕ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀ ਹੈ, ਤੋਂ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਆਪਣੇ ਬੱਚੇ ਦਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਮੇਨਿੰਨਜੋਕੋਕਲ ਟਾਈਪ ਸੀ ਬਿਮਾਰੀ ਹੋਣ ਨਾਲੋਂ ਵੈਕਸੀਨ ਲਗਵਾਉਣਾ ਬਹੁਤ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਵੈਕਸੀਨ ਲਗਵਾਉਣ ਤੋਂ 24 ਘੰਟਿਆਂ ਦੇ ਅੰਦਰ ਬੁਖਾਰ, ਸੁਸਤੀ, ਚਿੜਚਿੜਾਪਨ, ਭੁੱਖ ਨਾ ਲੱਗਣਾ, ਮਤਲੀ, ਉਲਟੀਆਂ, ਦਸਤ, ਸਿਰ ਦਰਦ ਜਾਂ ਮਾਸਪੇਸ਼ੀਆਂ ਵਿੱਚ ਦਰਦ ਵੀ ਹੋ ਸਕਦੀ ਹੈ। ਇਹ ਪ੍ਰਤੀਕਿਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮ ਤੌਰ 'ਤੇ 1 ਤੋਂ 2 ਦਿਨਾਂ ਲਈ ਰਹਿੰਦੀਆਂ ਹਨ।

ਬੁਖਾਰ ਜਾਂ ਜਲਨ ਲਈ ਅਸੀਟਾਮੇਨੋਫੇਨ (acetaminophen) (ਉਦਾਹਰਣ ਲਈ ਟਾਇਲੇਨੋਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਦਿੱਤੀ ਜਾ ਸਕਦੀ ਹੈ। ਰੇਏ ਸਿੰਨਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਨਹੀਂ ਦਿੱਤੀ ਜਾਣੀ ਚਾਹੀਦੀ।

*ਤੁਹਾਡੇ ਸਿਹਤ ਸੰਭਾਲ ਪ੍ਰਦਾਤਾ ਨਾਲ ਪਹਿਲਾਂ ਗੱਲ ਕੀਤੇ ਬਿਨਾਂ 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਆਈਬਿਊਪਰੋਫ਼ੈਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਜਾਣਕਾਰੀ ਲਈ, HealthLinkBC File #84 ਰੇਏ ਸਿੰਡਰੋਮ 'ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਮਹੱਤਵਪੂਰਨ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ

ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੈ। ਅਜਿਹਾ ਵੈਕਸੀਨ ਪ੍ਰਾਪਤ ਕਰਨ ਵਾਲੇ ਇੱਕ ਮਿਲੀਅਨ ਵਿੱਚੋਂ ਇੱਕ ਤੋਂ ਵੀ ਘੱਟ ਲੋਕਾਂ ਵਿੱਚ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

ਕਿਸਨੂੰ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ?

ਜੇਕਰ ਤੁਹਾਡੇ ਬੱਚੇ ਨੂੰ ਮੇਨਿੰਨਜੋਕੋਕਲ ਵੈਕਸੀਨ ਦੀ ਪਿਛਲੀ ਖੁਰਾਕ ਜਾਂ ਵੈਕਸੀਨ ਦੇ ਕਿਸੇ ਵੀ ਹਿੱਸੇ ਪ੍ਰਤੀ ਜਾਨਲੇਵਾ ਪ੍ਰਤੀਕ੍ਰਿਆ ਹੋਈ ਹੈ, ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਮੇਨਿੰਨਜੋਕੋਕਲ ਸੀ ਦੀ ਲਾਗ ਕੀ ਹੈ?

ਮੇਨਿੰਨਜੋਕੋਕਲ ਸੀ ਦੀ ਲਾਗ ਮੇਨਿੰਨਜੋਕੋਕਲ ਟਾਈਪ ਸੀ ਨਾਮਕ ਬੈਕਟੀਰੀਆ ਕਾਰਨ ਹੁੰਦੀ ਹੈ। ਇਹ ਗੰਭੀਰ ਅਤੇ ਜਾਨਲੇਵਾ ਲਾਗਾਂ ਦਾ ਕਾਰਨ ਬਣ ਸਕਦੀ ਹੈ ਜਿਸ ਵਿੱਚ ਮੈਨਿਨਜਾਈਟਿਸ, ਦਿਮਾਗ ਨੂੰ ਢੱਕਣ ਵਾਲੀ ਪਰਤ ਦੀ ਲਾਗ, ਅਤੇ ਸੈਪਟੀਸੀਮੀਆ, ਖੂਨ ਦੀ ਲਾਗ ਸ਼ਾਮਲ ਹਨ। ਬਿਮਾਰ ਹੋਣ ਵਾਲੇ ਹਰ 100 ਲੋਕਾਂ ਲਈ, 15 ਤੱਕ ਦੀ ਮੌਤ ਹੋ ਜਾਵੇਗੀ, ਭਾਵੇਂ ਉਹ ਇਲਾਜ ਕਰਵਾ ਲੈਂਦੇ ਹਨ। ਲਾਗ ਦੀਆਂ ਸਥਾਈ ਜਟਿਲਤਾਵਾਂ ਵਿੱਚ ਦਿਮਾਗ ਨੂੰ ਨੁਕਸਾਨ, ਬੋਲਾਪਣ ਅਤੇ ਲੱਤਾਂ/ਬਾਹਵਾਂ ਦਾ ਨੁਕਸਾਨ ਸ਼ਾਮਲ ਹਨ।

ਮੇਨਿੰਨਜੋਕੋਕਲ ਲਾਗ ਖੰਘਣ, ਛਿੱਕਣ ਜਾਂ ਆਹਮੋ-ਸਾਹਮਣੇ ਦੇ ਨਜ਼ਦੀਕੀ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਫੈਲਦੀ ਹੈ। ਇਹ ਥੁੱਕ ਰਾਹੀਂ ਵੀ ਫੈਲ ਸਕਦੀ ਹੈ। ਨਿਆਣੇ ਅਤੇ ਛੋਟੇ ਬੱਚੇ ਦੂਜੇ ਬੱਚਿਆਂ ਦੁਆਰਾ ਵਰਤੇ ਜਾਂਦੇ ਸੂਦਰਾਂ, ਬੋਤਲਾਂ ਜਾਂ ਖਿਡੌਣਿਆਂ ਨੂੰ ਸਾਂਝਾ ਕਰਨ ਦੁਆਰਾ ਬਿਮਾਰ ਹੋ ਸਕਦੇ ਹਨ। ਵੱਡੇ ਬੱਚੇ ਅਤੇ ਬਾਲਗ ਚੁੰਮਣ ਜਾਂ ਖਾਣਾ, ਪੀਣ ਵਾਲੇ ਪਦਾਰਥ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਖੇਡਾਂ ਲਈ ਵਰਤੇ ਜਾਣ ਵਾਲੇ ਮਾਊਥ ਸਾਂਝੇ ਕਰਨ ਵਰਗੀਆਂ ਗਤੀਵਿਧੀਆਂ ਰਾਹੀਂ ਬਿਮਾਰ ਹੋ ਸਕਦੇ ਹਨ।

ਬਚਪਨ ਦੇ ਨਿਯਮਤ ਟੀਕਾਕਰਨ ਪ੍ਰੋਗਰਾਮਾਂ ਦੇ ਕਾਰਨ ਮੇਨਿੰਨਜੋਕੋਕਲ ਟਾਈਪ ਸੀ ਬਿਮਾਰੀ ਬੀ.ਸੀ. ਵਿੱਚ ਬਹੁਤ ਘੱਟ ਹੁੰਦੀ ਹੈ।

ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਤਾ-ਪਿਤਾ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਨ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਉਸ ਲਈ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ 'ਤੇ ਜਾਓ।

BC Centre for Disease Control
Provincial Health Services Authority